# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :03-02-2026**

*ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ*

- ਖੇਤੀਬਾੜੀ ਰਾਜ ਮੰਤਰੀ ਰਾਮਨਾਥ ਠਾਕੁਰ ਨੇ ਕਿਹੈ ਕਿ ਸਰਕਾਰ ਵਲੋਂ PM-KISAN ਯੋਜਨਾ ਤਹਿਤ 21 ਕਿਸ਼ਤਾਂ ਰਾਹੀਂ ਚਾਰ ਲੱਖ ਕਰੋੜ ਰੁਪਏ ਤੋਂ ਵੱਧ ਦੀ ਰਕਮ ਵੰਡੀ ਗਈ ਏ.

- ਪੰਜਾਬ ਵੱਲੋਂ ਜਨਵਰੀ 2026 ਦੌਰਾਨ ਜੀਐਸਟੀ ਜੁਟਾਉਣ ਵਿੱਚ ਅਹਿਮ ਵਾਧਾ ਦਰਜ. ਕੁੱਲ 2 ਹਜ਼ਾਰ 452.66 ਕਰੋੜ ਰੁਪਏ ਜੀਐਸਟੀ ਵਸੂਲਿਆ ਗਿਆ.

- ਪੰਜਾਬ ਦੇ ਰਾਜਪਾਲ ਸ਼੍ਰੀ ਗੁਲਾਬ ਚੰਦ ਕਟਾਰੀਆ 9 ਤੋਂ 12 ਫਰਵਰੀ ਤੱਕ, 4 ਸਰਹੱਦੀ ਜ਼ਿਲ੍ਹਿਆਂ ਵਿੱਚ, ਨਸ਼ਾ ਵਿਰੋਧੀ ਪਦਯਾਤਰਾ ਦੀ ਅਗਵਾਈ ਕਰਨਗੇ।

- ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਇੱਕ ਵੱਡੀ ਕਾਮਯਾਬੀ ਹਾਸਿਲ ਕਰਦਿਆਂ ਤਿੰਨ ਮੁੱਖ ਮੁਲਜ਼ਮਾਂ ਨੂੰ ਫੜਿਆ ਏ ਤੇ ਅਤਿ-ਆਧੁਨਿਕ ਹਥਿਆਰ ਬਰਾਮਦ ਕੀਤੇ ਨੇ.

- ਪੰਜਾਬ ਕੈਬਿਨੇਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ 16 ਨਾਇਬ ਤਹਿਸੀਲਦਾਰਾਂ ਨੂੰ ਤਰੱਕੀ ਪੱਤਰ ਸੌਂਪੇ।

- ਔਰਤਾਂ ਦੇ ਪ੍ਰੀਮੀਅਰ ਲੀਗ ਕ੍ਰਿਕੇਟ ਵਿੱਚ, ਅੱਜ ਸ਼ਾਮ Eliminator ਮੁਕਾਬਲੇ ਵਿੱਚ, ਗੁਜਰਾਤ Giants ਦਾ ਮੁਕਾਬਲਾ, ਦਿੱਲੀ ਕੈਪੀਟਲਜ਼ ਨਾਲ.

***ਹੁਣ ਖਬਰਾਂ ਵਿਸਥਾਰ ਨਾਲ***

ਸਰਕਾਰ ਨੇ PM-KISAN ਯੋਜਨਾ ਤਹਿਤ 21 ਕਿਸ਼ਤਾਂ ਰਾਹੀਂ ਚਾਰ ਲੱਖ ਕਰੋੜ ਰੁਪਏ ਤੋਂ ਵੱਧ ਦੀ ਰਕਮ ਵੰਡੀ ਏ. ਅੱਜ ਲੋਕ ਸਭਾ ਵਿੱਚ ਇੱਕ ਸਵਾਲ ਦੇ ਲਿਖਤੀ ਜਵਾਬ ਵਿੱਚ, ਖੇਤੀਬਾੜੀ ਰਾਜ ਮੰਤਰੀ ਰਾਮਨਾਥ ਠਾਕੁਰ ਨੇ ਕਿਹਾ ਕਿ, PM-KISAN ਯੋਜਨਾ 2019 ਵਿੱਚ ਖੇਤੀਬਾੜੀ ਯੋਗ ਜ਼ਮੀਨ ਵਾਲੇ ਕਿਸਾਨਾਂ ਦੀਆਂ ਮਾਲੀ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਸ਼ੁਰੂ ਕੀਤੀ ਗਈ ਕੇਂਦਰੀ ਖੇਤਰ ਦੀ ਇੱਕ ਯੋਜਨਾ ਏ। ਉਨ੍ਹਾਂ ਕਿਹਾ ਕਿ, ਇਸ ਯੋਜਨਾ ਤਹਿਤ, ਸਿੱਧੇ ਲਾਭ ਤਬਾਦਲੇ ਰਾਹੀਂ ਕਿਸਾਨਾਂ

ਦੇ ਖਾਤਿਆਂ ਵਿੱਚ ਪ੍ਰਤੀ ਸਾਲ ਛੇ ਹਜ਼ਾਰ ਰੁਪਏ ਦਾ ਮਾਲੀ ਲਾਭ ਤਿੰਨ ਬਰਾਬਰ ਕਿਸ਼ਤਾਂ ਵਿੱਚ ਟ੍ਰਾਂਸਫਰ ਕੀਤਾ ਜਾਂਦਾ ਏ। ਮੰਤਰੀ ਨੇ ਕਿਹਾ ਕਿ ਇਸ ਯੋਜਨਾ ਤਹਿਤ, ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਨੂੰ ਯੋਗ ਲਾਭਪਾਤਰੀਆਂ ਦੀ ਪਛਾਣ ਕਰਨ ਅਤੇ ਉਨ੍ਹਾਂ ਦੀ ਤਸਦੀਕ ਕਰਨ ਦਾ ਅਧਿਕਾਰ ਏ।

-----------------------------------------------------------

ਇਸ ਤੋਂ ਪਹਿਲਾਂ ਖੇਤੀਬਾੜੀ ਰਾਜ ਮੰਤਰੀ ਕਮਲੇਸ਼ ਪਾਸਵਾਨ ਨੇ ਲੋਕ ਸਭਾ ਨੂੰ ਦੱਸਿਆ ਕਿ ਵਿਕਸਿਤ ਭਾਰਤ-ਰੋਜ਼ਗਾਰ ਅਤੇ ਅਜੀਵਿਕਾ ਗਰੰਟੀ ਮਿਸ਼ਨ (ਗ੍ਰਾਮੀਣ) ਕਾਨੂੰਨ, 2025 ਔਰਤਾਂ ਨੂੰ ਹਮਾਇਤ ਦੇਣ ਲਈ ਔਰਤਾਂ ਕੇਂਦਰਿਤ ਕਈ ਪ੍ਰਬੰਧਾਂ ਦੇ ਨਾਲ ਸਮਾਵੇਸ਼ੀ ਏ ਅਤੇ ਸ਼ਕਤੀਕਰਨ ਪ੍ਰਦਾਨ ਕਰਨ ਲਈ ਤਿਆਰ ਕੀਤਾ ਗਿਆ ਏ। ਲੋਕ ਸਭਾ ਵਿੱਚ ਇੱਕ ਸਵਾਲ ਦੇ ਲਿਖਤੀ ਜਵਾਬ ਵਿੱਚ, ਮੰਤਰੀ ਨੇ ਕਿਹਾ ਕਿ ਇਸ ਨਵੇਂ ਕਾਨੂੰਨ ਤਹਿਤ ਔਰਤਾਂ ਦੀ ਘੱਟੋ-ਘੱਟ ਇੱਕ ਤਿਹਾਈ ਹਿੱਸੇਦਾਰੀ ਲਾਜ਼ਮੀ ਏ। ਉਨ੍ਹਾਂ ਕਿਹਾ ਕਿ, ਕੰਮ ਵਾਲੀਆਂ ਅਜਿਹੀਆਂ ਥਾਵਾਂ 'ਤੇ ਕ੍ਰੈਚ ਸਹੂਲਤਾਂ ਪ੍ਰਦਾਨ ਕੀਤੀਆਂ ਜਾਣਗੀਆਂ ਜਿੱਥੇ ਆਪਣੀਆਂ ਕੰਮਕਾਜੀ ਮਾਵਾਂ ਦੇ ਨਾਲ ਪੰਜ ਸਾਲ ਤੋਂ ਘੱਟ ਉਮਰ ਦੇ, ਪੰਜ ਜਾਂ ਪੰਜ ਤੋਂ ਵੱਧ ਬੱਚੇ ਹੁੰਦੇ ਨੇ. ਮੰਤਰੀ ਨੇ ਕਿਹਾ ਕਿ, ਵਿਕਸਿਤ ਭਾਰਤ - G RAM G ਕਾਨੂੰਨ ਵਿੱਚ ਸ਼ਿਕਾਇਤ ਨਿਵਾਰਣ ਵਿਧੀਆਂ ਬਿਨੈਕਾਰਾਂ ਨਾਲ ਸਬੰਧਤ

ਸ਼ਿਕਾਇਤਾਂ ਨੂੰ ਹੱਲ ਕਰਨਗੀਆਂ, ਜਿਸ ਵਿੱਚ ਔਰਤਾਂ ਅਤੇ ਕਮਜ਼ੋਰ ਸਮੂਹਾਂ ਸਮੇਤ ਭੇਦਭਾਵ, ਪਰੇਸ਼ਾਨੀ ਜਾਂ ਕਾਮਿਆਂ ਦੇ ਅਧਿਕਾਰਾਂ ਦੀ ਉਲੰਘਣਾ ਸ਼ਾਮਲ ਏ।

------------------------------------------------------------

ਪੰਜਾਬ ਵੱਲੋਂ ਜਨਵਰੀ 2026 ਦੌਰਾਨ ਜੀਐਸਟੀ ਜੁਟਾਉਣ ਵਿੱਚ ਅਹਿਮ ਵਾਧਾ ਦਰਜ ਕੀਤਾ ਏ. ਇਹ ਬਿਹਤਰ ਪਾਲਣਾ, ਕੇਂਦ੍ਰਿਤ ਲਾਗੂਕਰਨ ਅਤੇ ਨਿਰੰਤਰ ਆਰਥਿਕ ਗਤੀਵਿਧੀਆਂ ਨੂੰ ਦਰਸਾਉਂਦਾ ਏ. ਇਸ ਸਬੰਧੀ ਜਾਣਕਾਰੀ ਦਿੰਦਿਆਂ ਸੂਬੇ ਦੇ ਖਜ਼ਾਨਾ, ਆਬਕਾਰੀ ਅਤੇ ਕਰ ਮੰਤਰੀ ਹਰਪਾਲ ਸਿੰਘ ਚੀਮਾ ਨੇ ਦੱਸਿਆ ਕਿ ਜਨਵਰੀ 2026 ਦੌਰਾਨ ਸੂਬੇ ਵਿੱਚ ਕੁੱਲ 2 ਹਜ਼ਾਰ 452.66 ਕਰੋੜ ਰੁਪਏ ਜੀਐਸਟੀ ਵਸੂਲਿਆ ਗਿਆ ਏ ਜੋ ਕਿ ਜਨਵਰੀ 2025 ਦੇ ਮੁਕਾਬਲੇ 15.7 ਫ਼ੀਸਦ ਦੀ ਦਰ ਨਾਲ ਸਾਲ-ਦਰ-ਸਾਲ 315 ਕਰੋੜ ਰੁਪਏ ਦਾ ਵਾਧਾ ਏ. ਓਹਨਾਂ ਇਹ ਵੀ ਕਿਹਾ ਕਿ ਸਾਲ-ਦਰ-ਸਾਲ ਆਧਾਰ 'ਤੇ ਜਨਵਰੀ 2026 ਤੱਕ ਜੀਐਸਟੀ ਵਸੂਲਣ ਦੀ ਦਰ ਵਿੱਚ 13.4 ਫ਼ੀਸਦ ਦਾ ਵਾਧਾ ਹੋਇਆ ਏ, ਜਿਸ ਨਾਲ ਵਸੂਲਿਆ ਗਿਆ ਕੁੱਲ ਜੀਐਸਟੀ 19, ਹਜ਼ਾਰ 415 ਕਰੋੜ ਰੁਪਏ ਤੋਂ ਵਧ ਕੇ 22,014 ਕਰੋੜ ਰੁਪਏ ਹੋ ਗਿਆ ਏ।

ਮੰਤਰੀ ਨੇ ਅੱਗੇ ਦੱਸਿਆ ਕਿ ਕਰਦਾਤਾਵਾਂ ਨੂੰ ਸਿਰਫ਼ ਜਨਵਰੀ 2026 ਦੌਰਾਨ, 129 ਕਰੋੜ ਰੁਪਏ ਦੇ ਐਸਜੀਐਸਟੀ ਰਿਫੰਡ ਜਾਰੀ ਕੀਤੇ ਗਏ. ਕੈਬਨਿਟ ਮੰਤਰੀ ਨੇ ਇਹ ਵੀ ਦੱਸਿਆ ਕਿ ਲਾਗੂਕਰਨ ਸਬੰਧੀ ਕਾਰਵਾਈਆਂ ਦੇ ਵੀ ਉਸਾਰੂ ਨਤੀਜੇ ਸਾਹਮਣੇ ਆਏ ਨੇ. ਸਟੇਟ ਇੰਟੈਲੀਜੈਂਸ ਐਂਡ ਪ੍ਰੀਵੈਂਟਿਵ ਯੂਨਿਟਸ ਨੇ ਜਨਵਰੀ 2026 ਦੌਰਾਨ ਸੜਕਾਂ 'ਤੇ ਜਾਂਚ, ਨਿਰੀਖਣ ਅਤੇ ਤਸਦੀਕ ਰਾਹੀਂ ਆਈ ਟੀ ਸੀ ਚੋਰੀ ਨੂੰ ਰੋਕ ਕੇ ਅਤੇ ਜਾਅਲੀ ਬਿਲਿੰਗ ਦੇ ਰੁਝਾਨ ਨੂੰ ਠੱਲ੍ਹ ਪਾ ਕੇ 200 ਕਰੋੜ ਰੁਪਏ ਦੇ ਅੰਕੜੇ ਨੂੰ ਪਾਰ ਕੀਤਾ ਏ। ਸ਼੍ਰੀ ਚੀਮਾ ਨੇ ਅੱਗੇ ਦੱਸਿਆ ਕਿ ਕਰ ਵਿਭਾਗ ਨਿਰਪੱਖ, ਪਾਰਦਰਸ਼ੀ ਅਤੇ ਤਕਨਾਲੋਜੀ-ਅਧਾਰਤ ਟੈਕਸ ਪ੍ਰਬੰਧਕੀ ਢਾਂਚਾ ਯਕੀਨੀ ਬਣਾਉਣ ਪ੍ਰਤੀ ਪੂਰੀ ਤਰ੍ਹਾਂ ਵਚਨਬੱਧ ਏ.

----------------------------------------------------

ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ, ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਕਿਹੈ ਕਿ ਸੂਬੇ ਵਿੱਚ ਨਸ਼ਿਆਂ ਦੀ ਦੁਰਵਰਤੋਂ ਵਿਰੁੱਧ ਜਨਤਕ ਜਾਗਰੂਕਤਾ ਨੂੰ ਮਜ਼ਬੂਤ ਕਰਨ ਲਈ ਇੱਕ ਵਿਆਪਕ ਮੁਹਿੰਮ ਸ਼ੁਰੂ ਕੀਤੀ ਜਾ ਰਹੀ ਏ. ਅੱਜ ਪੰਜਾਬ ਲੋਕ ਭਵਨ ਵਿਖੇ ਇੱਕ ਪ੍ਰੈਸ ਕਾਨਫਰੰਸ ਦੌਰਾਨ, ਸ਼੍ਰੀ ਕਟਾਰੀਆ ਨੇ ਦੱਸਿਆ ਕਿ ਇਸ ਮੁਹਿੰਮ ਤਹਿਤ, ਸਰਹੱਦੀ ਜ਼ਿਲ੍ਹਿਆਂ ਤਰਨਤਾਰਨ, ਫਿਰੋਜ਼ਪੁਰ,

ਫਾਜ਼ਿਲਕਾ ਤੇ ਅਬੋਹਰ ਵਿੱਚ 9 ਤੋਂ 12 ਫਰਵਰੀ ਤੱਕ, ਚਾਰ ਦਿਨਾਂ ਜਾਗਰੂਕਤਾ ਮਾਰਚ ਨਸ਼ਾ ਵਿਰੋਧੀ ਪਦਯਾਤ੍ਰਾ ਕਰਾਇਆ ਜਾ ਰਿਹਾ ਏ. ਇਹ ਮਾਰਚ, ਪੰਜਾਬ ਰੈੱਡ ਕਰਾਸ ਸੋਸਾਇਟੀ ਦੇ ਸਹਿਯੋਗ ਨਾਲ ਹੋ ਰਿਹਾ ਏ. ਰਾਜਪਾਲ ਇਹਨਾਂ ਸਰਹੱਦੀ ਜ਼ਿਲ੍ਹਿਆਂ ਵਿੱਚ ਚਾਰ ਦਿਨਾਂ ਨਸ਼ਾ ਵਿਰੋਧੀ ਮਾਰਚ ਦੀ ਅਗਵਾਈ ਕਰਨਗੇ। ਪ੍ਰੈਸ ਕਾਨਫਰੰਸ ਦੌਰਾਨ ਮੁੜ੍ਹਵਸੇਬੇ ਅਤੇ ਰੁਜ਼ਗਾਰ ਪੈਦਾ ਕਰਨ ਨੂੰ ਨਸ਼ਿਆਂ ਵਿਰੁੱਧ ਲੜਾਈ ਦੇ ਮੁੱਖ ਥੰਮ੍ਹ ਦੱਸਦਿਆਂ, ਸ਼੍ਰੀ ਕਟਾਰੀਆ ਨੇ ਕਿਹਾ ਕਿ ਸਖ਼ਤ ਕਾਨੂੰਨ ਲਾਗੂ ਕਰਨ ਅਤੇ ਨਿਰੰਤਰ ਜਨਤਕ ਜਾਗਰੂਕਤਾ ਦੇ ਨਾਲ, ਪ੍ਰਭਾਵਿਤ ਵਿਅਕਤੀਆਂ ਨੂੰ ਸਤਿਕਾਰ ਨਾਲ ਸਮਾਜ ਦੀ ਮੁੱਖ ਧਾਰਾ ਵਿੱਚ ਮੁੜ ਸ਼ਾਮਲ ਕਰਨਾ ਜ਼ਰੂਰੀ ਏ । ਉਨ੍ਹਾਂ ਸਮਾਜ ਦੇ ਸਾਰੇ ਵਰਗਾਂ ਨੂੰ ਅਪੀਲ ਕੀਤੀ ਕਿ ਉਹ ਇਸਨੂੰ ਇੱਕ ਲੋਕ ਲਹਿਰ ਬਣਾਉਣ। ਰਾਜਪਾਲ ਨੇ ਇਹ ਵੀ ਕਿਹਾ ਕਿ ਨਸ਼ਾ ਸਿਰਫ਼ ਸਥਾਨਕ ਜਾਂ ਸੂਬਾ ਪੱਧਰੀ ਸਮੱਸਿਆ ਨਹੀਂ ਏ, ਸਗੋਂ ਇੱਕ ਵਿਸ਼ਵਵਿਆਪੀ ਚੁਣੌਤੀ ਏ ਜਿਸ ਨੂੰ ਸਿਰਫ਼ ਸਮੂਹਿਕ ਅਤੇ ਨਿਰੰਤਰ ਕੋਸ਼ਿਸ਼ਾਂ ਰਾਹੀਂ ਹੀ ਹੱਲ ਕੀਤਾ ਜਾ ਸਕਦਾ ਏ । ਉਨ੍ਹਾਂ ਸਮਾਜਿਕ, ਧਾਰਮਿਕ, ਰਾਜਨੀਤਿਕ, ਵਿਦਿਅਕ ਸੰਸਥਾਵਾਂ, ਸਵੈ-ਇੱਛਕ ਸੰਗਠਨਾਂ ਅਤੇ ਹੋਰ ਸੰਗਠਨਾਂ ਨੂੰ ਇਸ ਮੁਹਿੰਮ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਦਾ ਸੱਦਾ ਦਿੱਤਾ ।

------------------------------------------------------

ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਇੱਕ ਵੱਡੀ ਕਾਮਯਾਬੀ ਹਾਸਿਲ ਕਰਦਿਆਂ ਇੰਟੈਲੀਜੈਂਸ-ਅਧਾਰਿਤ ਕਾਰਵਾਈ ਦੌਰਾਨ ਤਿੰਨ ਮੁੱਖ ਮੁਲਜ਼ਮਾਂ ਨੂੰ ਫੜਿਆ ਏ ਤੇ 7 ਅਤਿ-ਆਧੁਨਿਕ ਪਿਸਤੌਲਾਂ ਬਰਾਮਦ ਕੀਤੀਆਂ ਨੇ. ਪ੍ਰੈੱਸ ਕਾਨਫਰੰਸ ਦੌਰਾਨ ਇਸ ਸੰਬੰਧੀ ਜਾਣਕਾਰੀ ਦਿੰਦਿਆਂ ਅੰਮ੍ਰਿਤਸਰ ਦੇ ਪੁਲਿਸ ਕਮਿਸ਼ਨਰ, ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਮੁੱਢਲੀ ਜਾਂਚ ਵਿੱਚ ਸਾਹਮਣੇ ਆਇਆ ਏ ਕਿ ਗ੍ਰਿਫ਼ਤਾਰ ਮੁਲਜ਼ਮ, ਪਾਕਿਸਤਾਨ ਅਧਾਰਿਤ ਸਮੱਗਲਰਾਂ ਅਤੇ ਹੈਂਡਲਰਾਂ ਨਾਲ ਸਿੱਧੇ ਸੰਪਰਕ ਵਿੱਚ ਸਨ. ਵੇਰਵੇ ਦਿੰਦਿਆਂ ਸ਼੍ਰੀ ਭੁੱਲਰ ਨੇ ਦੱਸਿਆ –

byte

ਮਾਮਲੇ ‘ਚ ਅਗਲੇਰੀ ਜਾਂਚ ਜਾਰੀ ਏ.

------------------------------------------------------

ਪੰਜਾਬ ਦੇ ਮਾਲ, ਮੁੜ ਵਸੇਬਾ ਅਤੇ ਆਫ਼ਤ ਪ੍ਰਬੰਧਨ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਕਾਨੂੰਨਗੋ ਤੋਂ ਤਰੱਕੀ ਹੋ ਕੇ ਨਾਇਬ ਤਹਿਸੀਲਦਾਰ ਬਣਨ ਵਾਲੇ 16 ਅਧਿਕਾਰੀਆਂ ਨੂੰ ਤਰੱਕੀ ਪੱਤਰ ਸੌਂਪੇ। ਇਹ ਤਰੱਕੀਆਂ ਨਿਰਧਾਰਤ ਸੇਵਾ ਨੇਮਾਂ ਤਹਿਤ ਅਤੇ ਸਾਰੀਆਂ ਵਿਭਾਗੀ ਕਾਰਵਾਈਆਂ ਪੂਰੀਆਂ ਕਰਨ ਉਪਰੰਤ ਕੀਤੀਆਂ ਗਈਆਂ ਨੇ. ਇਹਨਾਂ ਅਧਿਕਾਰੀਆਂ ਨੂੰ ਮੁਬਾਰਕਬਾਦ ਦਿੰਦਿਆਂ ਮਾਲ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ

ਆਪਣੇ ਮੁਲਾਜ਼ਮਾਂ ਦੇ ਸੇਵਾ ਹਿੱਤਾਂ ਦੀ ਰਾਖੀ ਅਤੇ ਉਨ੍ਹਾਂ ਦੇ ਬਣਦੇ ਹੱਕ ਸਮੇਂ ਸਿਰ ਦੇਣ ਲਈ ਵਚਨਬੱਧ ਏ। ਉਨ੍ਹਾਂ ਕਿਹਾ ਕਿ ਇਹ ਤਰੱਕੀਆਂ ਪ੍ਰਸ਼ਾਸਨਿਕ ਅਮਲੇ ਨੂੰ ਮਜ਼ਬੂਤ ਕਰਨ ਅਤੇ ਜ਼ਮੀਨੀ ਪੱਧਰ ’ਤੇ ਜਨਤਕ ਸੇਵਾਵਾਂ ਹੋਰ ਬਿਹਤਰ ਬਣਾਉਣ ਲਈ ਸਰਕਾਰ ਦੇ ਯਤਨਾਂ ਦਾ ਹਿੱਸਾ ਨੇ. ਮੰਤਰੀ ਨੇ ਤਰੱਕੀ ਪ੍ਰਾਪਤ ਨਾਇਬ ਤਹਿਸੀਲਦਾਰਾਂ ਨੂੰ ਇਮਾਨਦਾਰੀ, ਸਮਰਪਣ ਭਾਵਨਾ ਅਤੇ ਜ਼ਿੰਮੇਵਾਰੀ ਨਾਲ ਆਪਣੀ ਡਿਊਟੀ ਨਿਭਾਉਣ ਦੀ ਲਈ ਕਿਹਾ.

---------------------------------------------------------------

ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦੁਹਰਾਇਆ ਏ ਕਿ ਸਰਕਾਰ ਸੂਬੇ ਵਿੱਚੋਂ ਬਾਲ ਵਿਆਹ ਵਰਗੀ ਗੰਭੀਰ ਸਮਾਜਿਕ ਬੁਰਾਈ ਨੂੰ ਜੜ੍ਹੋਂ ਖ਼ਤਮ ਕਰਨ ਲਈ ਦ੍ਰਿੜ੍ਹਤਾ ਨਾਲ ਕੰਮ ਕਰ ਰਹੀ ਏ. ਆਕਾਸ਼ਵਾਣੀ ਨਾਲ ਗੱਲਬਾਤ ਕਰਦਿਆਂ ਮੰਤਰੀ ਨੇ ਦੱਸਿਆ ਕਿ ਜਨਵਰੀ 2024 ਤੋਂ ਲੈ ਕੇ ਹੁਣ ਤੱਕ ਪੰਜਾਬ ਵਿੱਚ ਬਾਲ ਵਿਆਹ ਦੇ 111 ਮਾਮਲੇ ਸਮੇਂ ਸਿਰ ਰੋਕੇ ਗਏ ਨੇ, ਜੋ ਕਿ ਸਰਕਾਰ ਦੀ ਬੱਚਿਆਂ ਦੇ ਅਧਿਕਾਰਾਂ ਦੀ ਰੱਖਿਆ ਅਤੇ ਉਨ੍ਹਾਂ ਦੇ ਸੁਨਹਿਰੇ ਭਵਿੱਖ ਪ੍ਰਤੀ ਦ੍ਰਿੜ ਵਚਨਬੱਧਤਾ ਨੂੰ ਦਰਸਾਉਂਦੇ ਨੇ.

ਉਨ੍ਹਾਂ ਅੱਗੇ ਦੱਸਿਆ ਕਿ ਬਾਲ ਵਿਆਹ ਰੋਕਣ ਦੀ ਪ੍ਰਕਿਰਿਆ ਨੂੰ ਹੋਰ ਮਜ਼ਬੂਤ ਕਰਨ ਲਈ ਪੰਜਾਬ ਸਰਕਾਰ ਵੱਲੋਂ ਸੂਬੇ ਭਰ ਵਿੱਚ 2 ਹਜ਼ਾਰ 76 ਬਾਲ ਵਿਆਹ ਰੋਕਥਾਮ ਅਧਿਕਾਰੀ (CMPOs) ਨਾਮਜ਼ਦ ਕੀਤੇ ਗਏ ਨੇ, ਜਿਨ੍ਹਾਂ ਵਿੱਚ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਵਿਭਾਗ ਦੇ CDPOs ਅਤੇ ਸੀਨੀਅਰ ਸੈਕੰਡਰੀ ਸਕੂਲਾਂ ਦੇ ਪ੍ਰਿੰਸੀਪਲ ਸ਼ਾਮਲ ਨੇ. ਕੈਬਨਿਟ ਮੰਤਰੀ ਨੇ ਕਿਹਾ ਕਿ ਬੱਚਿਆਂ ਦਾ ਭਵਿੱਖ ਸੁਰੱਖਿਅਤ ਕਰਨਾ ਸਰਕਾਰ ਦੀ ਸਭ ਤੋਂ ਵੱਡੀ ਤਰਜੀਹ ਏ.

-------------------------------------------------------

ਭਾਰਤੀ ਮੌਸਮ ਵਿਭਾਗ (IMD) ਨੇ ਕੱਲ੍ਹ ਤੱਕ ਪੰਜਾਬ, ਹਰਿਆਣਾ, ਤੇ ਚੰਡੀਗੜ੍ਹ ਵਿੱਚ ਸੰਘਣੀ ਧੁੰਦ ਦੀ ਪੇਸ਼ੀਨਗੋਈ ਕੀਤੀ ਏ. ਮੌਸਮ ਵਿਭਾਗ ਨੇ ਅਗਲੇ ਦੋ ਦਿਨਾਂ ਲਈ ਹਿਮਾਚਲ ਪ੍ਰਦੇਸ਼, ਵਿੱਚ ਵੀ ਇਸੇ ਤਰ੍ਹਾਂ ਦੇ ਹਾਲਾਤ ਰਹਿਣ ਦੀ ਸੰਭਾਵਨਾ ਜਤਾਈ ਏ. ਇਸ ਦੌਰਾਨ, ਅਗਲੇ ਤਿੰਨ ਤੋਂ ਚਾਰ ਦਿਨਾਂ ਲਈ ਜੰਮੂ-ਕਸ਼ਮੀਰ, ਲੱਦਾਖ, ਤੇ ਹਿਮਾਚਲ ਪ੍ਰਦੇਸ਼ ਵਿੱਚ ਮੀਂਹ ਅਤੇ ਬਰਫ਼ਬਾਰੀ ਵੀ ਹੋ ਸਕਦੀ ਏ.

-------------------------------------------------------

ਔਰਤਾਂ ਦੇ ਪ੍ਰੀਮੀਅਰ ਲੀਗ ਕ੍ਰਿਕੇਟ ਦੇ Eliminator ਮੁਕਾਬਲੇ ਵਿੱਚ, ਅੱਜ ਵਡੋਦਰਾ ਵਿਖੇ, ਗੁਜਰਾਤ Giants ਦਾ ਮੁਕਾਬਲਾ ਦਿੱਲੀ ਕੈਪੀਟਲਜ਼ ਨਾਲ ਹੋਵੇਗਾ। ਮੈਚ ਸ਼ਾਮੀਂ ਸਾਢੇ 7 ਵਜੇ ਸ਼ੁਰੂ ਹੋਵੇਗਾ। ਇਸ

ਮੈਚ ਦੀ ਜੇਤੂ ਟੀਮ, ਵੀਰਵਾਰ ਨੂੰ ਹੋਣ ਵਾਲੇ ਫਾਈਨਲ ਮੈਚ ਵਿੱਚ, ਰਾਇਲ ਚੈਲੇਂਜਰਜ਼ ਬੈਂਗਲੁਰੂ, RCB ਖਿਲਾਫ ਖੇਡੇਗੀ। ਸਮ੍ਰਿਤੀ ਮੰਧਾਨਾ ਦੀ ਕਪਤਾਨੀ ਹੇਠ, RCB ਲੀਗ ਮੁਕਾਬਲਿਆਂ ਵਿੱਚ ਸਿਖਰ 'ਤੇ ਰਹਿਣ ਕਾਰਨ, ਪਹਿਲਾਂ ਹੀ ਫਾਈਨਲ 'ਚ ਥਾਂ ਬਣਾ ਚੁੱਕੀ ਏ।

---------------------------------------------------------------------

- ਖੇਤੀਬਾੜੀ ਰਾਜ ਮੰਤਰੀ ਰਾਮਨਾਥ ਠਾਕੁਰ ਨੇ ਕਿਹੈ ਕਿ ਸਰਕਾਰ ਵਲੋਂ PM-KISAN ਯੋਜਨਾ ਤਹਿਤ 21 ਕਿਸ਼ਤਾਂ ਰਾਹੀਂ ਚਾਰ ਲੱਖ ਕਰੋੜ ਰੁਪਏ ਤੋਂ ਵੱਧ ਦੀ ਰਕਮ ਵੰਡੀ ਗਈ ਏ.

- ਪੰਜਾਬ ਵੱਲੋਂ ਜਨਵਰੀ 2026 ਦੌਰਾਨ ਜੀਐਸਟੀ ਜੁਟਾਉਣ ਵਿੱਚ ਅਹਿਮ ਵਾਧਾ ਦਰਜ. ਕੁੱਲ 2 ਹਜ਼ਾਰ 452.66 ਕਰੋੜ ਰੁਪਏ ਜੀਐਸਟੀ ਵਸੂਲਿਆ ਗਿਆ.

- ਪੰਜਾਬ ਦੇ ਰਾਜਪਾਲ ਸ਼੍ਰੀ ਗੁਲਾਬ ਚੰਦ ਕਟਾਰੀਆ 9 ਤੋਂ 12 ਫਰਵਰੀ ਤੱਕ, 4 ਸਰਹੱਦੀ ਜ਼ਿਲ੍ਹਿਆਂ ਵਿੱਚ, ਨਸ਼ਾ ਵਿਰੋਧੀ ਪਦਯਾਤਰਾ ਦੀ ਅਗਵਾਈ ਕਰਨਗੇ।

- ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਇੱਕ ਵੱਡੀ ਕਾਮਯਾਬੀ ਹਾਸਿਲ ਕਰਦਿਆਂ ਤਿੰਨ ਮੁੱਖ ਮੁਲਜ਼ਮਾਂ ਨੂੰ ਫੜਿਆ ਏ ਤੇ ਅਤਿ-ਆਧੁਨਿਕ ਹਥਿਆਰ ਬਰਾਮਦ ਕੀਤੇ ਨੇ.

- ਪੰਜਾਬ ਕੈਬਿਨੇਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ 16 ਨਾਇਬ ਤਹਿਸੀਲਦਾਰਾਂ ਨੂੰ ਤਰੱਕੀ ਪੱਤਰ ਸੌਂਪੇ।

- ਔਰਤਾਂ ਦੇ ਪ੍ਰੀਮੀਅਰ ਲੀਗ ਕ੍ਰਿਕੇਟ ਵਿੱਚ, ਅੱਜ ਸ਼ਾਮ Eliminator ਮੁਕਾਬਲੇ ਵਿੱਚ, ਗੁਜਰਾਤ Giants ਦਾ ਮੁਕਾਬਲਾ, ਦਿੱਲੀ ਕੈਪੀਟਲਜ਼ ਨਾਲ.

---

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**